# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :10-12-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਭਾਰਤ ਇੱਕ ਅਜਿਹਾ ਰਾਸ਼ਟਰ ਬਣਨ ਲਈ ਵਚਨਬੱਧ ਏ ਜਿੱਥੇ ਮਨੁੱਖੀ ਅਧਿਕਾਰਾਂ ਦੀ ਨਾ ਸਿਰਫ਼ ਰੱਖਿਆ ਕੀਤੀ ਜਾਂਦੀ ,ਸਗੋਂ ਉਨ੍ਹਾਂ ਦਾ ਸਤਿਕਾਰ ਵੀ ਕੀਤਾ ਜਾਂਦਾ ਏ। ਨਵੀਂ ਦਿੱਲੀ ਵਿੱਚ ਮਨੁੱਖੀ ਅਧਿਕਾਰ ਦਿਵਸ 2025 ਅਤੇ ਰੋਜ਼ਾਨਾ ਜ਼ਰੂਰਤਾਂ ਨੂੰ ਯਕੀਨੀ ਬਣਾਉਣ ਬਾਰੇ ਰਾਸ਼ਟਰੀ ਸੰਮੇਲਨ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਮਾਣ-ਸਨਮਾਨ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ ਅਤੇ ਕਿਸੇ ਨੂੰ ਵੀ ਉਨ੍ਹਾਂ ਦੇ ਅਧਿਕਾਰਾਂ ਤੋਂ ਵਾਂਝਾ ਨਹੀਂ ਰੱਖਿਆ ਜਾਣਾ ਚਾਹੀਦਾ। ਰਾਸ਼ਟਰਪਤੀ ਨੇ ਕਿਹਾ ਕਿ ਮਨੁੱਖੀ ਅਧਿਕਾਰ ਦਿਵਸ ਇੱਕ ਨਿਆਂਪੂਰਨ, ਸਮਾਨਤਾਵਾਦੀ ਅਤੇ ਹਮਦਰਦ ਸਮਾਜ ਲਈ ਮੰਚ ਤੈਅ ਕਰਦਾ ਏ। ਉਨ੍ਹਾਂ ਕਿਹਾ ਕਿ ਨਿਆਂ ਤੱਕ ਪਹੁੰਚ ਹਰ ਵਿਅਕਤੀ ਦਾ ਜਨਮ ਸਿੱਧ ਅਧਿਕਾਰ ਹੋਣਾ ਚਾਹੀਦਾ ਏ।

---------------------------------------------------------------------------

ਉੱਤਰੀ ਰੇਲਵੇ ਦੇ ਜੰਮੂ ਡਿਵੀਜ਼ਨ ਨੇ ਫਸੇ ਮੁਸਾਫ਼ਿਰਾਂ ਦੀ ਸਹੂਲਤ ਲਈ,

12 ਦਸੰਬਰ ਤੋਂ ਤਿੰਨ ਦਿਨਾਂ ਵਾਸਤੇ ਨਵੀਂ ਦਿੱਲੀ ਅਤੇ ਊਧਮਪੁਰ ਵਿਚਕਾਰ ਇੱਕ ਵਿਸ਼ੇਸ਼ ਵੰਦੇ ਭਾਰਤ ਰੇਲਗੱਡੀ ਚਲਾਉਣ ਦਾ ਐਲਾਨ ਕੀਤਾ ਏ। ਇਹ ਐਲਾਨ ਜੰਮੂ ਅਤੇ ਸ੍ਰੀਨਗਰ ਤੋਂ ਇੰਡੀਗੋ ਉਡਾਣਾਂ ਰੱਦ ਹੋਣ ਦੇ ਮੱਦੇਨਜ਼ਰ ਕੀਤਾ ਗਿਆ ਏ। ਨਵੀਂ ਦਿੱਲੀ ਤੋਂ ਊਧਮਪੁਰ ਵਿਸ਼ੇਸ਼ ਰੇਲਗੱਡੀ ਸਵੇਰੇ 6 ਵਜੇ ਰਵਾਨਾ ਹੋਵੇਗੀ ਅਤੇ ਦੁਪਹਿਰ 2 ਵਜੇ ਊਧਮਪੁਰ ਪਹੁੰਚੇਗੀ। ਇਹ ਰੇਲਗੱਡੀ ਅੰਬਾਲਾ ਕੈਂਟ, ਲੁਧਿਆਣਾ, ਪਠਾਨਕੋਟ ਕੈਂਟ ਅਤੇ ਜੰਮੂ ਤਵੀ ਸਮੇਤ ਹੋਰ ਸਟੇਸ਼ਨਾਂ 'ਤੇ ਰੁਕੇਗੀ। ਊਧਮਪੁਰ ਤੋਂ ਇਸਦੀ ਵਾਪਸੀ ਦੀ ਯਾਤਰਾ ਦੁਪਹਿਰ ਬਾਅਦ 3 ਵਜੇ ਸ਼ੁਰੂ ਹੋਵੇਗੀ ਅਤੇ ਰਾਤ 11 ਵਜੇ ਨਵੀਂ ਦਿੱਲੀ ਪਹੁੰਚੇਗੀ। ਇਹ ਵਿਸ਼ੇਸ਼ ਵੰਦੇ ਭਾਰਤ 20 ਡੱਬਿਆਂ ਨਾਲ ਚੱਲੇਗੀ। ਮੁਸਾਫ਼ਿਰਾਂ ਨੂੰ ਭਾਰਤੀ ਰੇਲਵੇ ਦੀ ਅਧਿਕਾਰਤ ਵੈੱਬਸਾਈਟ ਜਾਂ NTES ਐਪ ਰਾਹੀਂ ਪ੍ਰਮਾਣਿਕ ਰੇਲ ਜਾਣਕਾਰੀ ਦੀ ਜਾਂਚ ਕਰਨ ਦੀ ਸਲਾਹ ਦਿੱਤੀ ਗਈ ਏ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਪਣੇ ਦੱਖਣੀ ਕੋਰੀਆ ਦੇ ਦੌਰੇ ਦੇ ਆਖ਼ਰੀ ਦਿਨ ਕੀਤੇ ਪ੍ਰਭਾਵਸ਼ਾਲੀ ਨਿਵੇਸ਼ ਰੋਡ ਸ਼ੋਅ ਨੂੰ ਮੋਹਰੀ ਸਨਅਤੀ ਕੰਪਨੀਆਂ ਦੀ ਸ਼ਮੂਲੀਅਤ ਨਾਲ ਭਰਵਾਂ ਹੁੰਗਾਰਾ ਮਿਲਿਆ ਅਤੇ ਇਨ੍ਹਾਂ ਕੰਪਨੀਆਂ ਨੇ ਪੰਜਾਬ ਵਿੱਚ ਨਿਵੇਸ਼ ਕਰਨ ਵਿੱਚ ਦਿਲਚਸਪੀ ਦਿਖਾਈ ਏ। ਵਪਾਰਕ ਮੋਹਰੀਆਂ ਦੇ ਇਕੱਠ ਨੂੰ ਸੰਬੋਧਨ

ਕਰਦਿਆਂ ਮੁੱਖ ਮੰਤਰੀ ਨੇ ਪੰਜਾਬ ਦੀ ਸਥਿਰ ਤੇ ਪਾਰਦਰਸ਼ੀ ਸ਼ਾਸਨ ਅਤੇ ਭਵਿੱਖੀ ਨਿਵੇਸ਼ ਵਾਸਤੇ ਤਿਆਰ ਸਥਾਨ ਵਜੋਂ ਨਿਸ਼ਾਨਦੇਹੀ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦਾ ਮਜ਼ਬੂਤ ਉਦਯੋਗਿਕ ਈਕੋ-ਸਿਸਟਮ, ਭਰੋਸੇਯੋਗ ਅਤੇ ਸਸਤੀ ਬਿਜਲੀ, ਹੁਨਰਮੰਦ ਤੇ ਮਿਹਨਤੀ ਕਾਮੇ ਅਤੇ ਵੱਡੇ ਬਾਜ਼ਾਰਾਂ ਨਾਲ ਸੁਚਾਰੂ ਸੰਪਰਕ ਸਹੂਲਤ ਇਸ ਨੂੰ ਨਿਵੇਸ਼ ਲਈ ਸਭ ਤੋਂ ਵੱਧ ਤਰਜੀਹੀ ਸਥਾਨ ਬਣਾਉਂਦੇ ਨੇ। ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਪੰਜਾਬ ਦਾ ਸ਼ਾਸਨ, ਮਾਡਲ ਨਿਵੇਸ਼ਕ ਅਨੁਕੂਲ ਏ , ਜੋ ਕਾਰਜ ਕੁਸ਼ਲਤਾ ਅਤੇ ਕਾਰੋਬਾਰੀ ਚੱਕਰ ਦੌਰਾਨ ਪੂਰੇ ਸਹਿਯੋਗ ਉੱਪਰ ਆਧਾਰਤ ਏ।

---------------------------------------------------------------------

ਪੰਜਾਬ ਸਰਕਾਰ ਨੇ ਮੋਹਾਲੀ ਸਥਿਤ ਸਰਕਾਰੀ ਸੰਸਥਾ ਪੰਜਾਬ ਇੰਸਟੀਚਿਊਟ ਆਫ਼ ਲਿਵਰ ਐਂਡ ਬਿਲੀਅਰੀ ਸਾਇੰਸਿਜ਼ ਵਿੱਚ ਪਹਿਲੀ ਸਫ਼ਲ ਲਿਵਰ ਟ੍ਰਾਂਸਪਲਾਂਟ ਸਰਜਰੀ ਕਰਕੇ ਮਹੱਤਵਪੂਰਨ ਉਪਲਬਧੀ ਹਾਸਿਲ ਕੀਤੀ ਏ। ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਪਹਿਲੀ ਵਾਰ ਏ ਜਦੋਂ ਕਿਸੇ ਸਰਕਾਰੀ ਸੰਸਥਾ ਵਿੱਚ ਇੰਨੀ ਜਟਿਲ ਅਤੇ ਸੰਵੇਦਨਸ਼ੀਲ ਸਰਜਰੀ ਸਫ਼ਲਤਾਪੂਰਕ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ ਇਹ ਜ਼ਿੰਦਗੀ ਬਚਾਉਣ ਵਾਲਾ ਇਲਾਜ ਮਰੀਜ਼ ਨੂੰ ਕਰੀਬ 12 ਲੱਖ ਰੁਪਏ ਵਿੱਚ ਮੁਹੱਈਆ ਕਰਵਾਇਆ ਗਿਆ ਏ ,

ਜਦਕਿ ਨਿੱਜੀ ਹਸਪਤਾਲਾਂ ਵਿੱਚ ਇਹ ਇਲਾਜ 45 ਤੋਂ 50 ਲੱਖ ਵਿੱਚ ਪੈਂਦਾ ਏ। ਇਹ ਸਰਜਰੀ 27 ਨਵੰਬਰ ਨੂੰ ਕੀਤੀ ਗਈ ਸੀ ਅਤੇ ਮਰੀਜ਼ ਦੀ ਹਾਲਤ ਬਿਲਕੁਲ ਠੀਕ ਏ। ਉਨ੍ਹਾਂ ਕਿਹਾ ਕਿ ਮਰੀਜ਼ ਨੂੰ ਅਗਲੇ ਇੱਕ-ਦੋ ਦਿਨਾਂ ਵਿੱਚ ਛੁੱਟੀ ਮਿਲਣ ਦੀ ਉਮੀਦ ਏ। ਸਿਹਤ ਮੰਤਰੀ ਨੇ ਸੰਸਥਾ ਦੇ ਡਾਇਰੈਕਟਰ ਅਤੇ ਹੈਪਾਟੋਲੋਜੀ ਵਿਭਾਗ ਦੇ ਪ੍ਰੋਫੈਸਰ ਅਤੇ ਮੁਖੀ ਡਾ. ਵੀਰੇਂਦਰ ਸਿੰਘ ਅਤੇ ਲਿਵਰ ਟ੍ਰਾਂਸਪਲਾਂਟ ਵਿਭਾਗ ਦੇ ਪ੍ਰੋਫੈਸਰ ਅਤੇ ਮੁਖੀ ਡਾ. ਕੇ. ਰਾਜ ਸ਼ੇਖਰ ਦੀ ਅਗਵਾਈ ਹੇਠ ਮੈਡੀਕਲ ਟੀਮ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਅੰਗ ਦਾਨ ਕਰਨ ਵਾਲੇ ਪਰਿਵਾਰ ਦਾ ਵੀ ਦਿਲੋਂ ਧੰਨਵਾਦ ਕੀਤਾ।

-------------------------------------------------------------------

ਪੰਜਾਬ ਪੁਲਿਸ ਨੇ ਕੱਲ ਵਿਸ਼ੇਸ਼ ਆਪ੍ਰੇਸ਼ਨ ਸੀਲ ਚਲਾਇਆ ਤਾਂ ਜੋ ਸਮਾਜ ਵਿਰੋਧੀ ਅਨਸਰਾਂ, ਨਸ਼ਾ ਅਤੇ ਸ਼ਰਾਬ ਤਸਕਰਾਂ 'ਤੇ ਕੜੀ ਨਜ਼ਰ ਰੱਖੀ ਜਾ ਸਕੇ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਏ ਗਏ ਇਸ ਆਪ੍ਰੇਸ਼ਨ ਦੌਰਾਨ, ਸਰਹੱਦੀ ਜ਼ਿਲ੍ਹਿਆਂ ਦੇ ਸਾਰੇ ਐਸਐਸਪੀਜ਼ ਨੂੰ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਮਜ਼ਬੂਤ 'ਨਾਕੇ' ਲਗਾਉਣ ਲਈ ਵੱਧ ਤੋਂ ਵੱਧ ਪੁਲਿਸ ਬਲ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ

ਦੱਸਿਆ ਕਿ 600 ਤੋਂ ਵੱਧ ਪੁਲਿਸ ਕਰਮਚਾਰੀਆਂ  ਦੇ ਆਪਸੀ ਤਾਲਮੇਲ ਨਾਲ 10 ਅੰਤਰ-ਰਾਜੀ ਸਰਹੱਦੀ ਜ਼ਿਲ੍ਹਿਆਂ ਵਿੱਚ ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਰੂਪਨਗਰ, ਐਸਏਐਸ ਨਗਰ, ਪਟਿਆਲਾ, ਸੰਗਰੂਰ, ਮਾਨਸਾ, ਹੁਸ਼ਿਆਰਪੁਰ ਅਤੇ ਬਠਿੰਡਾ ਵਿਚ ਨਾਕੇ ਲਾਏ ਗਏ ।  ਇਸ ਆਪਰੇਸ਼ਨ ਦੌਰਾਨ ਸੂਬੇ ਵਿੱਚ ਆਉਣ-ਜਾਣ ਵਾਲੇ 1182 ਵਾਹਨਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 234 ਵਾਹਨਾਂ ਦੇ ਚਲਾਨ ਕੀਤੇ ਗਏ ਅਤੇ 2 ਵਾਹਨਾਂ ਨੂੰ ਜ਼ਬਤ ਕੀਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 5 ਮਾਮਲੇ ਦਰਜ ਕਰਕੇ 3 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ 346 ਥਾਵਾਂ 'ਤੇ ਛਾਪੇਮਾਰੀ ਕੀਤੀ ਗਈ ।  ਇਸ ਛਾਪੇਮਾਰੀ ਦੌਰਾਨ ਡੇਢ ਕਿਲੋ ਹੈਰੋਇਨ, 429 ਗ੍ਰਾਮ ਅਫੀਮ, 6 ਕਿਲੋ ਗਾਂਜਾ, 21 ਕਿਲੋ ਭੁੱਕੀ ਅਤੇ ਕਰੀਬ 3 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਏ ।

--------------------------------------------------------------------

ਲੁਧਿਆਣਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ "ਨਸ਼ਿਆਂ ਖਿਲਾਫ ਨੌਜਵਾਨ" ਮੁਹਿੰਮ ਤਹਿਤ ਜ਼ਿਲ੍ਹਾ ਲੁਧਿਆਣਾ ਸਮੇਤ ਸਬ ਤਹਿਸੀਲ ਖੰਨਾ, ਪਾਇਲ, ਜਗਰਾਓਂ ਅਤੇ ਸਮਰਾਲਾ ਦੇ ਵੱਖ-ਵੱਖ ਸਕੂਲਾਂ, ਕਾਲਜਾਂ ਅਤੇ ਹੋਰ ਵਿਦਿਅਕ ਅਦਾਰਿਆਂ ਵਿੱਚ ਨਸ਼ਿਆਂ ਵਿਰੁੱਧ ਵੱਧ ਤੋਂ ਵੱਧ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ  ਪੋਸਟਰ ਮੇਕਿੰਗ ਮੁਕਾਬਲੇ

ਕਰਵਾਏ ਗਏ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ, ਸੁਮਿਤ ਸੱਭਰਵਾਲ ਨੇ ਦੱਸਿਆ ਕਿ ਐਸ.ਡੀ.ਜੇ.ਐਮ., ਪੈਰਾ ਲੀਗਲ ਵਲੰਟੀਅਰਾਂ, ਪੈਨਲ ਵਕੀਲਾਂ ਨੇ ਵੱਖ-ਵੱਖ ਵਿਦਿਅਕ ਸੰਸਥਾਨਾ ਵਿੱਚ ਬੱਚਿਆਂ ਨੂੰ ਇਸ ਮੁਹਿੰਮ ਪ੍ਰਤੀ ਜਾਗਰੂਕ ਕੀਤਾ ਅਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ। ਇਸ ਮੁਹਿੰਮ ਸਬੰਧੀ ਬੱਚਿਆਂ ਵਲੋਂ ਵੱਖ-ਵੱਖ ਰੈਲੀਆਂ ਕੱਢ ਕੇ ਨਸ਼ਿਆਂ ਤੋਂ ਬਚਣ ਦਾ ਸੁਨੇਹਾ ਵੀ ਦਿੱਤਾ। ਸਕੱਤਰ ਸੱਭਰਵਾਲ ਨੇ ਇਹ ਵੀ ਦੱਸਿਆ ਕਿ ਮੁਹਿੰਮ ਤਹਿਤ ਜਾਰੀ ਕੀਤੇ ਟੋਲ ਫ੍ਰੀ ਨੰਬਰ 15100 ਬਾਰੇ ਵੀ ਵੱਧ ਤੋਂ ਵੱਧ ਬੱਚਿਆਂ ਨੂੰ ਜਾਣੂ ਕਰਵਾਇਆ ਗਿਆ।

---------------------------------------------------------------------------

ਅੰਮ੍ਰਿਤਸਰ ਬਾਈਪਾਸ ‘ਤੇ ਮਹਿਲਾਂ ਪੁੱਲ ਨੇੜੇ ਬੀਤੀ ਰਾਤ ਵਾਪਰੇ ਸੜਕ ਹਾਦਸੇ ਵਿੱਚ ਤਿੰਨ ਨੌਜਵਾਨਾਂ ਦੀ ਮੌਤ ਹੋ ਗਈ ਜਦਕਿ ਇੱਕ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ । ਸਾਡੇ ਪੱਤਰਕਾਰ ਨੇ ਦਸਿਆ ਏ ਕਿ ਇਹ ਹਾਦਸਾ ਰਾਤ ਕਰੀਬ 12 ਤੋਂ 2 ਵਜੇ ਦਰਮਿਆਨ ਵਾਪਰਿਆ ਜਦੋਂ ਪਿੰਡ ਲੋਪੋਕੇ ਵੱਲੋਂ ਆ ਰਹੀ ਇੱਕ ਕਾਰ ਮਹਿਲਾਂ ਵਾਲੇ ਪੁੱਲ ਕੋਲ ਬੇਕਾਬੂ ਹੋ ਕੇ ਕੰਧ ਨਾਲ ਜਾ ਟਕਰਾਈ। ਕਾਰ ਸਵਾਰ ਚਾਰ ਨੌਜਵਾਨਾਂ ਵਿੱਚੋਂ ਤਿੰਨ ਦੀ ਮੌਕੇ ‘ਤੇ ਹੀ ਮੌਤ ਹੋ ਗਈ, ਜਦਕਿ ਚੌਥੇ ਨੌਜਵਾਨ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਦਾਖ਼ਲ ਕਰਵਾਇਆ ਗਿਆ । ਡਾਕਟਰਾਂ ਮੁਤਾਬਕ

ਉਸ ਦੀ ਹਾਲਤ ਬੇਹੱਦ ਨਾਜ਼ੁਕ ਬਣੀ ਹੋਈ ਏ । ਮ੍ਰਿਤਕ ਪਿੰਡ ਚੱਕ ਮਿਸ਼ਰੀ ਖਾਂ, ਪਿੰਡ ਲੋਪੋਕੇ ਅਤੇ ਪਿੰਡ ਬੋਪਾਰਾਏ ਬਾਜ ਕਲਾਂ ਦੇ ਰਹਿਣ ਵਾਲੇ ਨੇ । ਪੁਲਿਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਏ ।

----------------------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਵਿੱਚ ਅਗਲੇ ਦੋ ਦਿਨਾਂ ਲਈ ਸੀਤ ਲਹਿਰ ਦੀ ਪੇਸ਼ੀਨਗੋਈ ਕੀਤੀ ਏ । ਹਿਮਾਚਲ ਪ੍ਰਦੇਸ਼ ਵਿੱਚ ਅੱਜ ਸਵੇਰੇ ਸੰਘਣੀ ਧੁੰਦ ਛਾਈ ਰਹੀ। ਇਸ ਦੌਰਾਨ, ਦਿੱਲੀ-NCR ਵਿੱਚ ਹਵਾ ਦੀ ਗੁਣਵੱਤਾ ਮਾੜੀ ਸ਼੍ਰੇਣੀ ਵਿੱਚ ਰਹੀ। ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਅਨੁਸਾਰ, ਅੱਜ ਸਵੇਰੇ 7 ਵਜੇ ਤੱਕ, ਔਸਤ ਹਵਾ ਗੁਣਵੱਤਾ ਸੂਚਕਾਂਕ 269 ਦਰਜ ਕੀਤਾ ਗਿਆ।

----------------------------------------------------------------------

ਭਾਰਤ ਨੇ ਪੰਜ twenty-twenty ਕ੍ਰਿਕੇਟ ਮੈਚਾਂ ਦੀ ਲੜੀ ਦੇ ਪਹਿਲੇ ਮੈਚ ਵਿੱਚ, ਕੱਲ੍ਹ ਦੱਖਣੀ ਅਫਰੀਕਾ ਨੂੰ 101 ਦੌੜਾਂ ਨਾਲ ਹਰਾਇਆ । ਓਡੀਸ਼ਾ ਦੇ ਕਟਕ ਵਿੱਚ ਖੇਡੇ ਗਏ ਮੈਚ ਵਿੱਚ, ਭਾਰਤ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ, 175 ਦੌੜਾਂ ਬਣਾਈਆਂ । 175 ਦੌੜਾਂ ਦੇ ਜਵਾਬ ਵਿੱਚ, ਦੱਖਣੀ ਅਫਰੀਕਾ ਦੀ ਪੂਰੀ ਟੀਮ ਸਿਰਫ਼ 74 ਦੌੜਾਂ ਬਣਾ ਕੇ ਆਊਟ ਹੋ ਗਈ । ਭਾਰਤ ਲਈ ਅਰਸ਼ਦੀਪ ਸਿੰਘ, ਜਸਪ੍ਰੀਤ ਬੁਮਰਾਹ, ਵਰੁਣ ਚੱਕਰਵਰਤੀ ਅਤੇ ਅਕਸ਼ਰ ਪਟੇਲ ਨੇ ਦੋ-ਦੋ ਵਿਕਟਾਂ ਲਈਆਂ ।

ਹਾਰਦਿਕ ਪੰਡਯਾ ਨੇ ਸਿਰਫ਼ 28 ਗੇਂਦਾਂ 'ਚ 59 ਦੌੜਾਂ ਦੀ ਪਾਰੀ ਖੇਡੀ। ਹਾਰਦਿਕ ਨੂੰ "Player Of The Match" ਚੁਣਿਆ ਗਿਆ। ਦੋਵਾਂ ਟੀਮਾਂ ਵਿਚਕਾਰ, ਅਗਲਾ ਮੈਚ ਵੀਰਵਾਰ ਨੂੰ ਚੰਡੀਗੜ੍ਹ ਵਿੱਚ ਖੇਡਿਆ ਜਾਵੇਗਾ।